ਸ੍ਰੀ ਮੁਕਤਸਰ ਸਾਹਿਬ(                    ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਵੱਲੋਂ ਸ਼ਰਾਰਤੀ ਅਨਸਰਾਂ ਅਤੇ ਨਸ਼ਿਆਂ ਖਿਲਾਫ ਪੰਜਾਬ ਅੰਦਰ ਮੁਹਿੰਮ ਵਿੱਢੀ ਗਈ ਜਿਸ ਤੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਦੀ ਅਗਵਾਈ ਵਿੱਚ ਸ੍ਰੀ ਮੁਕਤਸਰ ਸਾਹਿਬ ਵਿਖੇ "CASO OPERATION" ਤਹਿਤ ਸਰਚ ਅਪ੍ਰੈਸ਼ਨ ਚਲਾਇਆ ਗਿਆ । ਇਸ ਮੌਕੇ ਸ੍ਰੀ ਸੰਜੀਵ ਗੋਇਲ ਡੀ.ਐਸ.ਪੀ(ਐਨ.ਡੀ.ਪੀ.ਐਸ),ਸ. ਸਤਨਾਮ ਸਿੰਘ ਡੀ.ਐਸ.ਪੀ(ਸ੍ਰੀ ਮੁਕਤਸਰ ਸਾਹਿਬ ),ਸ. ਫਤਿਹ ਸਿੰਘ ਬਰਾੜ ਡੀ.ਐਸ.ਪੀ (ਮਲੋਟ), ਸ. ਜਸਬੀਰ ਸਿੰਘ ਡੀ.ਐਸ.ਪੀ ਗਿੱਦੜਬਾਹਾ, ਸ. ਜਸਪਾਲ ਸਿੰਘ ਡੀ.ਐਸ.ਪੀ(ਲੰਬੀ), ਸਮੂਹ ਮੁੱਖ ਅਫਸਰਾਨ ਥਾਣਾ ਅਤੇ 500 ਦੇ ਕ੍ਰੀਬ ਪੁਲਿਸ ਅਧਿਕਾਰੀਆ/ਕ੍ਰਮਚਾਰੀਆਂ ਵੱਲੋਂ ਵੱਖ ਵੱਖ ਟੀਮਾਂ ਬਣਾ ਕੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਡਵੀਜਨ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਦੇ ਪਿੰਡਾਂ ਅਤੇ ਕਸਬਿਆ ਅੰਦਰ ਸਰਚ ਅਪ੍ਰੈਸ਼ਨ ਚਲਾਇਆ ਗਿਆ।

ਇਸ ਮੌਕੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ CASO ਅਪ੍ਰੈਸ਼ਨ ਤਹਿਤ ਜਿਲ੍ਹਾ ਅੰਦਰ ਨਸ਼ੇ ਵੇਚਣ ਵਾਲੇ ਸ਼ੱਕੀ ਥਾਵਾਂ ਤੇ ਅਤੇ ਜਿਨਾਂ ਤੇ ਪਹਿਲਾਂ ਐਨ.ਡੀ.ਪੀ.ਐਕਟ ਦੇ ਮਾਮਲੇ ਦਰਜ਼ ਹਨ ਉਨ੍ਹਾਂ ਘਰਾਂ/ਥਾਵਾਂ ਤੇ ਪੁਲਿਸ ਵੱਲੋਂ ਰੇਡ ਕਰ ਸਰਚ ਕੀਤਾ ਗਿਆ, ਇਸ ਸਰਚ ਅਪ੍ਰੈਸ਼ਨ ਦੌਰਾਨ ਏਰੀਏ ਨੂੰ ਨਾਕਾ ਬੰਦੀ ਕਰ ਬਾਹਰ ਅਤੇ ਅੰਦਰ ਆਉਣ ਵਾਲੇ ਰਸਤਿਆ ਨੂੰ ਸੀਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਤਰਾਂ ਦੇ ਪ੍ਰੋਗਰਾਮ ਅੱਗੇ ਵੀ ਚਲਦੇ ਰਹਿਣਗੇ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆ ਨੂੰ ਕਿਸੇ ਨੂੰ ਵੀ ਬਖਸ਼ਿਆ ਨਹੀ ਜਾਵੇਗਾ ।

ਐਸ.ਐਸ.ਪੀ ਜੀ ਨੇ ਦੱਸਿਆ ਕਿ ਇਸ CASO ਪ੍ਰੋਗਰਾਮ ਤਹਿਤ ਪੁਲਿਸ ਵੱਲੋਂ ਕਾਰਵਾਈ ਕਰਦੇ ਹੋਏ ਵੱਖ ਵੱਖ ਥਾਣਿਆਂ ਵਿੱਚ 18 ਮੁਕਦਮੇ ਦਰਜ ਕਰ 40 ਗ੍ਰਾਮ ਹੈਰੋਇਨ, 850 ਨਸ਼ੀਲੀਆਂ ਗੋਲੀਆਂ, 1.500 ਕਿਲੋ ਗ੍ਰਾਮ ਚੂਰਾ ਪੋਸਤ, 79.25 ਬੋਤਲਾਂ ਨਜਾਇਜ਼ ਸ਼ਰਾਬ, 200 ਲੀਟਰ ਲਾਹਣ ਸਮੇਤ 19 ਦੋਸ਼ੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਇਸ ਦੇ ਨਾਲ 02 ਵਿਅਕਤੀਆਂ ਤੇ 110 ਦੇ ਕਲੰਦਰੇ ਦਿੱਤੇ ਹਨ ਅਤੇ ਕਾਗਜਾਤ ਨਾ ਵਿਖਾਉਣ ਤੇ 02 ਵਹੀਕਲਾਂ ਨੂੰ ਬੰਦ ਕੀਤਾ ਗਿਆ ।

ਐਸ.ਐਸ.ਪੀ ਜੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਹਡੇ ਨਜ਼ਦੀਕ ਕੋਈ ਨਸ਼ੇ ਵੇਚਣ ਦਾ ਕੰਮ ਕਰਦਾ ਹੈ ਤਾਂ ਇਸ ਦੀ ਜਾਣਕਾਰੀ ਸਾਨੂੰ ਸਾਡੇ ਹੈਲਪ ਲਾਇਨ ਨੰਬਰ 8054942100 ਤੇ ਦਿਉ ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।